**Vigilance Bureau Punjab**

**Vigilance nabs ASI for taking bribe**

Chandigarh, January 29: Punjab Vigilance Bureau, nabbed an Assistant Sub Inspector (ASI) posted at EOW Police Lines, Ludhiana red handed while accepting bribe of Rs 20,000.

Disclosing this here an official spokesperson of the Vigilance Bureau said ASI Mohinder Singh (1514) was nabbed red handed on the complaint of Rachpal Singh Pali of village Lohara, Ludhiana. The complainant has approached the VB and alleged that the accused ASI was demanding Rs 50,000 to help him a complaint case and the deal was struck at Rs. 40,000. After verifying his information, the vigilance team laid a trap and the accused ASI was arrested on the spot while taking bribe of Rs. 20,000 as a first instalment from the complainant in the presence of two official witnesses.

He informed that a case under Prevention of Corruption Act has been registered against the accused VB police station Ludhiana and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 29 ਜਨਵਰੀ: ਪੰਜਾਬ ਵਿਜੀਲੈਂਸ ਬਿਊਰੋ ਨੇ ਦਫਤਰ ਈ.ਓ ਵਿੰਗ, ਪੁਲਿਸ ਲਾਈਨ, ਲੁਧਿਆਣਾ ਵਿਖੇ ਤਾਇਨਾਤ ਏ.ਐਸ.ਆਈ. ਮਹਿੰਦਰ ਸਿੰਘ (1514) ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਰਛਪਾਲ ਸਿੰਘ ਵਾਸੀ ਪਿੰਡ ਲੋਹਾਰਾ, ਲੁਧਿਆਣਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੀ ਫਰਮ ਖਿਲਾਫ਼ ਦਿੱਤੀ ਦਰਖਾਸਤ ’ਤੇ ਕਾਰਵਾਈ ਨਾ ਕਰਨ ਬਦਲੇ ਏ.ਐਸ.ਆਈ ਮਹਿੰਦਰ ਸਿੰਘ ਵਲੋਂ 50,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 40,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------